# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-12-2024**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਜਲ ਜੀਵਨ ਮਿਸ਼ਨ ਦੀ ਸ਼ਲਾਘਾ ਕਰਦਿਆਂ ਕਿਹੈ ਕਿ ਇਸ ਯੋਜਨਾ ਨੇ ਖਾਸ ਕਰਕੇ ਦਿਹਾਤੀ ਖੇਤਰਾਂ ਵਿੱਚ ਔਰਤਾਂ ਦੇ ਸਸ਼ਕਤੀਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਘਰਾਂ ਤੱਕ ਸਾਫ਼ ਪਾਣੀ ਪਹੁੰਚਣ ਨਾਲ ਔਰਤਾਂ ਹੁਣ ਹੁਨਰ ਵਿਕਾਸ ਅਤੇ ਸਵੈ-ਨਿਰਭਰਤਾ 'ਤੇ ਧਿਆਨ ਕੇਂਦਰਤ ਕਰ ਸਕਦੀਆਂ ਨੇ।

---------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਸੂਬੇ ਵਿਚ 3 ਤੋਂ 6 ਸਾਲ ਦੇ ਬੱਚਿਆਂ ਦੀ ਸਿਹਤ ਨਾਲ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇੱਕ ਕਮਰੇ ਵਿੱਚ ਚੱਲ ਰਹੇ Playway ਸਕੂਲ ਪੂਰੀ

ਤਰ੍ਹਾਂ ਬੰਦ ਕਰ ਦਿੱਤੇ ਜਾਣਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਅਜਿਹੇ ਸਕੂਲਾਂ ਵਿੱਚ ਸੀ.ਸੀ.ਟੀ.ਵੀ.ਕੈਮਰਿਆਂ ਤੋਂ ਇਲਾਵਾ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਖੇਡਣ ਲਈ ਥਾਂ ਹੋਣੀ ਵੀ ਲਾਜ਼ਮੀ ਏ।

**ਇਕ ਰਿਪੋਰਟ...**

---------------------------------------------------------------

ਭਾਰਤੀ ਫੌਜ 1971 ਦੀ ਭਾਰਤ-ਪਾਕਿ ਜੰਗ ਵਿੱਚ ਭਾਰਤੀ ਫੌਜ ਦੇ ਸਾਹਸ ਅਤੇ ਬਹਾਦਰੀ ਦਾ ਸਨਮਾਨ ਕਰਨ ਲਈ 53ਵਾਂ ਵਿਜੇ ਦਿਵਸ ਮਨਾ ਰਹੀ ਏ। ਇਸ ਸਬੰਧ ਵਿੱਚ ਵਜਰ ਕੋਰ, ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਦੇ ਸਹਿਯੋਗ ਨਾਲ 13 ਤੇ 14 ਦਸੰਬਰ ਨੂੰ ਪੰਜਾਬ ਸਟੇਟ ਵਾਰ ਹੀਰੋਜ਼ ਮੈਮੋਰੀਅਲ ਮਿਊਜ਼ੀਅਮ ਵਿਖੇ ਹਥਿਆਰਾਂ ਅਤੇ ਉਪਕਰਨਾਂ ਦੀ ਪ੍ਰਦਰਸ਼ਨੀ ਦਾ ਆਯੋਜਨ ਕਰ ਰਿਹਾ ਏ ਤੇ 15 ਦਸੰਬਰ ਨੂੰ ਕਿਲ੍ਹਾ ਗੋਬਿੰਦਗੜ੍ਹ ਵਿਖੇ 1971 ਦੀ ਜੰਗ ਵਿੱਚ ਭਾਰਤੀ ਫੌਜ ਦੇ ਅਮੁੱਲੇ ਯੋਗਦਾਨ ਨੂੰ ਦਰਸਾਉਣ ਲਈ ਇੱਕ ਸੱਭਿਆਚਾਰਕ ਸ਼ਾਮ “ਏਕ ਸ਼ਾਮ ਵੀਰੋਂ ਕੇ ਨਾਮ” ਦਾ ਆਯੋਜਨ ਕੀਤਾ ਜਾ

ਰਿਹਾ ਏ। ਲੈਫਟੀਨੈਂਟ ਕਰਨਲ ਆਰ.ਐਸ. ਜੋਸ਼ੀ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਪ੍ਰੋਗਰਾਮਾਂ ਵਿੱਚ ਜ਼ਰੂਰ ਸ਼ਿਰਕਤ ਕਰਨ।

---------------------------------------------------------------

ਪੰਜਾਬ ਵਿਚ ਆਗਾਮੀ ਚੋਣਾਂ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਵਕ ਢੰਗ ਨਾਲ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਕਰਨ ਅਤੇ ਸਮੁੱਚੀ ਚੋਣ ਪ੍ਰਕਿਰਿਆ ਨੂੰ ਸਖ਼ਤ ਨਿਗਰਾਨੀ ਹੇਠ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਰਾਜ ਚੋਣ ਕਮਿਸ਼ਨ ਨੇ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 22 ਆਈ. ਏ. ਐਸ ਅਧਿਕਾਰੀਆਂ ਨੂੰ ਚੋਣ ਆਬਜ਼ਰਵਰ ਨਿਯੁਕਤ ਕੀਤਾ ਏ । ਇਨ੍ਹਾਂ ਵਿੱਚੋਂ ਪੰਜ ਅਧਿਕਾਰੀ 5 ਨਗਰ ਨਿਗਮਾਂ, ਹਰੇਕ ਨਗਰ ਨਿਗਮ ਲਈ ਇੱਕ ਅਧਿਕਾਰੀ, ਚੋਣਾਂ ਦੀ ਨਿਗਰਾਨੀ ਕਰਨਗੇ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਚੋਣ ਕਮਿਸ਼ਨ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਬਾਕੀ ਆਬਜ਼ਰਵਰ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਦੀ ਨਿਗਰਾਨੀ ਕਰਨਗੇ । ਇਹ ਆਬਜ਼ਰਵਰ ਚੋਣਾਂ , ਚੋਣਾਂ ਸਬੰਧੀ ਸ਼ਿਕਾਇਤਾਂ , ਵੱਖ-ਵੱਖ ਚੋਣ ਸਮੱਗਰੀ , ਈ.ਵੀ.ਐਮ. ਦੇ

ਸੰਚਾਲਨ , ਪੋਲਿੰਗ ਸਟਾਫ਼ ਦੀ ਸਿਖਲਾਈ, ਆਦਰਸ਼ ਚੋਣ ਜ਼ਾਬਤਾ ਲਾਗੂ ਕਰਨ, ਵੀਡੀਓਗ੍ਰਾਫੀ ਤੇ ਸੀ.ਸੀ.ਟੀ.ਵੀ. ਦੇ ਪ੍ਰਬੰਧ ਆਦਿ ਦੇ ਸਬੰਧ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਅਮਨ-ਕਾਨੂੰਨ ਦੇ ਪ੍ਰਬੰਧਾਂ ਦੀ ਸਮੀਖਿਆ ਕਰਨਗੇ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਕਿਲ੍ਹਾ ਲਾਲ ਸਿੰਘ ਵਿਖੇ ਤਾਇਨਾਤ ਪਟਵਾਰੀ ਸੁਰਜੀਤ ਸਿੰਘ ਨੂੰ 20000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ । ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਗੁਰਦਾਸਪੁਰ ਦੇ ਪਿੰਡ ਕਿਲ੍ਹਾ ਲਾਲ ਸਿੰਘ ਵਾਸੀ ਵਰਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ । ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਸ ਦੀ ਜ਼ਮੀਨ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਦੁਆਰਾ ਐਕਸਪ੍ਰੈਸ ਵੇਅ ਦੇ ਨਿਰਮਾਣ ਲਈ ਐਕੁਆਇਰ ਕੀਤੀ ਸੀ ਅਤੇ ਮੁਲਜ਼ਮ ਪਟਵਾਰੀ ਨੇ ਉਸ ਦੇ ਹੱਕ ਵਿੱਚ ਜ਼ਮੀਨ ਵਿੱਚ ਤਿੰਨ

ਬੋਰਵੈੱਲ ਹੋਣ ਸਬੰਧੀ ਰਿਪੋਰਟ ਦੇਣ ਬਦਲੇ 20 ਹਜ਼ਾਰ ਰੁਪਏ ਰਿਸ਼ਵਤ ਦੀ ਮੰਗ ਕੀਤੀ ਏ। ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਏ। ਕੇਸ ਦੀ ਅਗਲੇਰੀ ਕਾਰਵਾਈ ਜਾਰੀ ਏ।

--------------------------------------------------

ਮੌਸਮ ਵਿਭਾਗ ਵੱਲੋਂ ਪੰਜਾਬ ਤੇ ਚੰਡੀਗੜ੍ਹ ਵਿੱਚ ਸੀਤ ਲਹਿਰ ਦਾ ਅਲਰਟ ਜਾਰੀ ਕੀਤਾ ਗਿਆ ਏ । ਮੌਸਮ ਵਿਗਿਆਨ ਕੇਂਦਰ ਅਨੁਸਾਰ 15 ਦਸੰਬਰ ਤਾਪਮਾਨ ਵਿੱਚ ਗਿਰਾਵਟ ਜਾਰੀ ਰਹੇਗੀ। ਬੀਤੇ ਦਿਨ ਵੀ ਪੰਜਾਬ ਦੇ ਤਾਪਮਾਨ ਵਿੱਚ 0.3 ਡਿਗਰੀ ਅਤੇ ਚੰਡੀਗੜ੍ਹ ਵਿੱਚ 0.4 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਸੀ। ਪੰਜਾਬ ਦੇ 7 ਸ਼ਹਿਰ ਅਜਿਹੇ ਸਨ , ਜਿੱਥੇ ਤਾਪਮਾਨ 5 ਡਿਗਰੀ ਤੋਂ ਘੱਟ ਰਿਹਾ । ਪਠਾਨਕੋਟ ’ਚ ਘੱਟੋ-ਘੱਟ ਤਾਪਮਾਨ 2 ਡਿਗਰੀ ਦਰਜ ਕੀਤਾ ਗਿਆ

ਏ । ਮੌਸਮ ਵਿਗਿਆਨ ਵਿਭਾਗ ਅਨੁਸਾਰ ਅੱਜ ਪੰਜਾਬ ਦੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ , ਮੁਕਤਸਰ, ਬਠਿੰਡਾ, ਮਾਨਸਾ, ਸੰਗਰੂਰ, ਰੂਪਨਗਰ ਅਤੇ ਐਸਏਐਸ ਨਗਰ ਵਿੱਚ ਠੰਢ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਇਥੇ ਤਾਪਮਾਨ 2 ਤੋਂ 8 ਡਿਗਰੀ ਤੱਕ ਘਟਣ ਦੀ ਸੰਭਾਵਨਾ ਏ । ਪਹਾੜਾਂ ’ਤੇ ਹੋ ਰਹੀ ਬਰਫਬਾਰੀ ਦੇ ਕਾਰਨ ਪੰਜਾਬ ਵਿੱਚ ਤਾਪਮਾਨ ਲਗਾਤਾਰ ਘਟ ਰਿਹਾ ਏ। ਇਸ ਦੇ ਨਾਲ ਹੀ, ਆਉਣ ਵਾਲੇ ਇਕ ਹਫਤੇ ਤੱਕ ਮੀਂਹ ਪੈਣ ਦੇ ਕੋਈ ਸੰਕੇਤ ਨਹੀਂ ਹਨ, ਜਿਸ ਕਾਰਨ ਮੌਸਮ ਖੁਸ਼ਕ ਬਣਿਆ ਹੋਇਆ ਏ । ਦਸੰਬਰ ਮਹੀਨਾ ਵੀ ਹਾਲੇ ਤੱਕ ਪੰਜਾਬ ਲਈ ਸੁੱਕਾ ਰਿਹਾ ਏ ।